ਪਟਿਆਲਾ ਫ਼ਤਹਿਗੜ੍ਹ ਸਾਹਿਬ
ਅਜੀਤ, ਚੰਡੀਗੜ੍ਹ
ਅਜੀਤ
ਸੋਮਵਾਰ, 20 ਅਕਤੂਬਰ 2025

ਸਮਾਗਮ ਮੌਕੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਬੰਧਕ। ਅਜੀਤ ਤਸਵੀਰ

ਦੇਸ਼ ਭਗਤ ਯੂਨੀਵਰਸਿਟੀ 'ਚ ਦੀਵਾਲੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ

ਅਮਲੋਹ, 19 ਅਕਤੂਬਰ (ਕੇਵਲ ਸਿੰਘ)-ਦੇਸ਼ ਭਗਤ ਯੂਨੀਵਰਸਿਟੀ ਦੀ ਸਿੱਖਿਆ ਫੈਕਲਟੀ ਵਲੋਂ ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਨੂੰ ਬਹੁਤ ਉਤਸ਼ਾਹ, ਰਚਨਾਤਮਿਕਤਾ ਅਤੇ ਖ਼ੁਸ਼ੀ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਰੰਗੋਲੀ ਬਣਾਉਣਾ, ਪੋਸਟਰ ਬਣਾਉਣਾ, ਸਲੋਗਨ ਲਿਖਣਾ, ਮੋਮਬੱਤੀ ਸਜਾਵਟ, ਮਹਿੰਦੀ, ਦੀਵਾ ਸਜਾਵਟ ਅਤੇ ਕਲਾਸ-ਰੂਮ ਸਜਾਵਟ ਸਮੇਤ ਕਈ ਦਿਲਚਸਪ ਮੁਕਾਬਲਿਆਂ ਵਿਚ ਹਿੱਸਾ ਲਿਆ। ਹਰੇਕ ਪ੍ਰੋਗਰਾਮ ਨੇ ਵਿਦਿਆਰਥੀਆਂ ਦੀ ਕਲਾਤਮਿਕ ਪ੍ਰਤਿਭਾ ਅਤੇ ਤਿਉਹਾਰੀ ਭਾਵਨਾ ਦਾ ਪ੍ਰਦਰਸ਼ਨ ਕੀਤਾ। ਇਸ ਸਮਾਗਮ ਦੌਰਾਨ ਚਾਂਸਲਰ ਡਾ. ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਦੀਵਾਲੀ ਦੀਆਂ ਸਾਰਿਆਂ ਨੂੰ ਖ਼ੁਸ਼ੀ ਤੇ ਖ਼ੁਸ਼ਹਾਲੀ ਲਈ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਅਤੇ ਸਿੱਖਿਆ ਫੈਕਲਟੀ ਦੇ ਡਾਇਰੈਕਟਰ ਡਾ. ਪ੍ਰੇਸ਼ਿਓਸ ਨੇ ਭਾਗੀਦਾਰਾਂ ਦੀ ਸਿਰਜਣਾਤਮਿਕਤਾ ਅਤੇ ਯਤਨਾਂ ਦੀ ਸ਼ਲਾਘਾ ਕੀਤੀ, ਵਿਦਿਆਰਥੀਆਂ ਨੂੰ ਆਪਣੀ ਕਲਾਤਮਕ ਸਮਰੱਥਾ ਦੀ ਖੋਜ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ। ਵੱਖ-ਵੱਖ ਮੁਕਾਬਲਿਆਂ ਵਿਚ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜਿਸ ਵਿਚ ਰੰਗੋਲੀ ਬਣਾਉਣਾ ਦਾ ਪਹਿਲਾ ਇਨਾਮ ਨੀਤੂ ਅਤੇ ਦੂਜਾ ਵੀਰ ਕੌਰ ਨੇ ਪ੍ਰਾਪਤ ਕੀਤਾ। ਸਲੋਗਨ ਲਿਖਣ 'ਚ ਪਹਿਲਾ ਇਨਾਮ ਸਿਮਰਨ ਕੌਰ, ਮੋਮਬੱਤੀ ਸਜਾਵਟ 'ਚ ਪਹਿਲਾ ਇਨਾਮ ਸੁਖਦੀਪ ਕੌਰ ਤੇ ਦੂਜਾ ਇਨਾਮ ਸੁਮਨ ਕੁਮਾਰੀ, ਮਹਿੰਦੀ ਮੁਕਾਬਲੇ 'ਚ ਪਹਿਲਾ ਇਨਾਮ ਕਰਨ, ਦੀਆ ਸਜਾਵਟ 'ਚ ਪਹਿਲਾ ਇਨਾਮ ਹਰਪ੍ਰੀਤ ਕੌਰ ਤੇ ਦੂਜਾ ਇਨਾਮ ਮਹਿਕ ਨੇ ਪ੍ਰਾਪਤ ਕੀਤਾ। ਕਲਾਸ-ਰੂਮ ਸਜਾਵਟ ਵਿਚ ਹਰਪ੍ਰੀਤ ਕੌਰ ਨੇ ਪਹਿਲਾ ਇਨਾਮ ਜਿੱਤਿਆ।

ਹਰਪ੍ਰੀਤ ਕੌਰ ਨੇ ਕਲਾਸ-ਰੂਮ ਸਜਾਵਟ ਵਿਚ ਪਹਿਲਾ ਇਨਾਮ ਜਿੱਤਿਆ

ਪੀ. ਆਈ. ਐਮ. ਟੀ. 'ਚ ਮਨਾਈ ਦੀਵਾਲੀ ਦੌਰਾਨ ਸਟਾਫ਼ ਨੂੰ ਤੋਹਫ਼ੇ ਵੰਡਦੇ ਟਰੱਸਟੀ। ਅਜੀਤ ਤਸਵੀਰ

ਪੀ.ਆਈ.ਐਮ.ਟੀ. 'ਚ ਉਤਸ਼ਾਹ ਨਾਲ ਮਨਾਈ ਦੀਵਾਲੀ

ਮੰਡੀ ਗੋਬਿੰਦਗੜ੍ਹ, 19 ਅਕਤੂਬਰ (ਇਕਬਾਲਦੀਪ ਸੰਧੂ)-ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਵਿਖੇ ਦੀਵਾਲੀ ਬਹੁਤ ਉਤਸ਼ਾਹ ਨਾਲ ਮਨਾਈ ਗਈ। ਸੱਭਿਆਚਾਰਕ ਕੋਆਰਡੀਨੇਟਰ ਰਮਨਦੀਪ ਕੌਰ ਅਤੇ ਨਵਜੋਤ ਕੌਰ ਸਹਾਇਕ ਪ੍ਰੋਫ਼ੈਸਰ ਪ੍ਰਬੰਧਨ ਵਿਭਾਗ ਦੀ ਨਿਗਰਾਨੀ ਹੇਠ ਮਨਾਈ ਦੀਵਾਲੀ ਦੌਰਾਨ ਪੂਰੇ ਕੈਂਪਸ ਨੂੰ ਰੰਗੀਨ ਲਾਈਟਾਂ, ਰੰਗੋਲੀ ਅਤੇ ਦੀਵਿਆਂ ਨਾਲ ਸਜਾਇਆ ਗਿਆ।

ਇਸ ਮੌਕੇ ਗੋਬਿੰਦਗੜ੍ਹ ਐਜੂਕੇਸ਼ਨਲ ਐਂਡ ਸੋਸ਼ਲ ਵੈੱਲਫੇਅਰ ਟਰੱਸਟ ਦੇ ਪ੍ਰਧਾਨ ਰਾਜ ਕੁਮਾਰ ਗੋਇਲ, ਚੇਅਰਮੈਨ ਜੀ.ਪੀ.ਐਸ ਨਰੇਸ਼ ਅਗਰਵਾਲ, ਸੰਯੁਕਤ ਖ਼ਜ਼ਾਨਚੀ ਤੇ ਚੇਅਰਮੈਨ ਪੀ.ਆਈ.ਐਮ.ਟੀ. ਨਿਤਿਨ ਸਾਗਰ ਸਕੱਤਰ, ਚੇਅਰਮੈਨ ਜੀ.ਪੀ.ਸੀ. ਪਵਨ ਸਚਦੇਵਾ ਅਤੇ ਪਿਆਰਾ ਸਿੰਘ ਕਲਸੀ ਸੀਨੀਅਰ ਮੈਂਬਰ ਨੇ ਦੀਵਾਲੀ ਦੇ ਸ਼ੁੱਭ ਮੌਕੇ 'ਤੇ ਸਾਰੇ ਸਟਾਫ਼ ਅਤੇ ਫੈਕਲਟੀ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ 'ਤੇ ਟਰੱਸਟ ਮੈਂਬਰਾਂ ਨੇ ਸਾਰੇ ਕਰਮਚਾਰੀਆਂ ਨੂੰ ਤੋਹਫ਼ੇ ਭੇਟ ਕੀਤੇ ਅਤੇ ਉਨ੍ਹਾਂ ਦੇ ਉਤਸ਼ਾਹ ਤੇ ਸਮਰਪਣ ਦੀ ਪ੍ਰਸ਼ੰਸਾ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਪੀ.ਆਈ.ਐਮ.ਟੀ. ਡਾਇਰੈਕਟਰ ਡਾ. ਨਿਸ਼ੀ ਬਾਲਾ ਦੁਆਰਾ ਪ੍ਰਾਰਥਨਾ ਨਾਲ ਹੋਈ।

ਉਨ੍ਹਾਂ ਨੇ ਹਨੇਰੇ ਉੱਤੇ ਰੌਸ਼ਨੀ ਅਤੇ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਸੰਦੇਸ਼ ਦੇਣ ਲਈ ਦੀਵੇ ਜਗਾਏ। ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਅਤੇ ਹੁਨਰ ਦਾ ਪ੍ਰਦਰਸ਼ਨ ਕੀਤਾ। ਰਚਨਾਤਮਿਕਤਾ ਪ੍ਰਦਰਸ਼ਿਤ ਕਰਦੇ ਹੋਏ ਵਿਦਿਆਰਥੀਆਂ ਨੇ ਦੀਵੇ ਸਜਾਉਣ, ਰੰਗੋਲੀ, ਪੋਸਟਰ ਬਣਾਉਣਾ, ਰਹਿੰਦ-ਖੂੰਹਦ ਤੋਂ ਸਭ ਤੋਂ ਵਧੀਆ ਬਣਾਉਣਾ, ਗੀਲ ਬਣਾਉਣਾ, ਅੱਗ ਰਹਿਤ ਖਾਣਾ ਪਕਾਉਣਾ, ਨਾਚ ਅਤੇ ਸੰਗੀਤ ਵਰਗੇ ਸੱਭਿਆਚਾਰਕ ਪ੍ਰਦਰਸ਼ਨ ਕੀਤੇ। ਇਸ ਮੌਕੇ ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਵਿਦਿਆਰਥੀਆਂ ਅਤੇ ਸਟਾਫ਼ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਸਾਰਿਆਂ ਨੂੰ ਵਾਤਾਵਰਨ ਅਨੁਕੂਲ ਤੇ ਸੁਰੱਖਿਅਤ ਢੰਗ ਨਾਲ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ।

ਫੂਡ ਟੈਕਨਾਲੋਜੀ ਵਿਭਾਗ ਵਲੋਂ ਕਰਵਾਏ ਵੱਖ-ਵੱਖ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਵਿਦਿਆਰਥੀਆਂ ਨਾਲ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਤੇ ਹੋਰ। ਅਜੀਤ ਤਸਵੀਰ

ਮਾਤਾ ਗੁਜਰੀ ਕਾਲਜ ਦੇ ਫੂਡ ਟੈਕਨਾਲੋਜੀ ਵਿਭਾਗ ਨੇ ਮਨਾਇਆ ਵਿਸ਼ਵ ਭੋਜਨ ਦਿਵਸ

ਫ਼ਤਹਿਗੜ੍ਹ ਸਾਹਿਬ, 19 ਅਕਤੂਬਰ (ਬਲਜਿੰਦਰ ਸਿੰਘ)-ਮਾਤਾ ਗੁਜਰੀ ਕਾਲਜ ਦੇ ਫੂਡ ਟੈਕਨਾਲੋਜੀ ਵਿਭਾਗ ਵਲੋਂ ਕਾਲਜ ਦੇ ਇੰਸਟੀਚਿਊਟ ਇਨੋਵੇਸ਼ਨ ਸੈੱਲ ਦੇ ਸਹਿਯੋਗ ਨਾਲ ਵਿਸ਼ਵ ਭੋਜਨ ਦਿਵਸ ਬੜੇ ਉਤਸ਼ਾਹ ਅਤੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਨਾਲ ਮਨਾਇਆ ਗਿਆ। ਇਸ ਸਮਾਰੋਹ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੌਸ਼ਟਿਕ ਭੋਜਨ ਦੀ ਮਹੱਤਤਾ, ਖਾਦ ਸੁਰੱਖਿਆ ਅਤੇ ਟਿਕਾਊ ਭੋਜਨ ਪ੍ਰਣਾਲੀਆਂ ਬਾਰੇ ਜਾਗਰੂਕ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੇ ਵਿਸ਼ਵ ਖਾਦ ਦਿਵਸ ਨਾਲ ਸੰਬੰਧਿਤ ਰੰਗੋਲੀ, ਸਲਾਦ ਬਣਾਉਣ, ਕੁਕਿੰਗ ਵਿਦਾਊਟ ਫਾਇਰ, ਫੂਡ ਐਂਡ ਨਿਊਟ੍ਰੀਸ਼ਨ ਕੁਇਜ਼ ਅਤੇ ਫਨ ਗੇਮਜ਼ ਆਦਿ ਰਚਨਾਤਮਿਕ ਮੁਕਾਬਲਿਆਂ ਵਿਚ ਭਾਗ ਲਿਆ ਜਿਸ ਵਿਚ ਉਨ੍ਹਾਂ ਨੇ ਆਪਣੀ ਰਚਨਾਤਮਿਕਤਾ, ਨਵੀਂ ਸੋਚ ਤੇ ਹੁਨਰ ਦਾ ਵਧੀਆ ਪ੍ਰਦਰਸ਼ਨ ਕਰਦਿਆਂ ਕਈ ਪੌਸ਼ਟਿਕ ਅਤੇ ਆਕਰਸ਼ਕ ਵਿਅੰਜਨ ਤਿਆਰ ਕੀਤੇ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਕਿਹਾ ਕਿ ਅਜਿਹੀਆਂ ਉਸਾਰੂ ਗਤੀਵਿਧੀਆਂ ਦੁਆਰਾ ਵਿਦਿਆਰਥੀਆਂ ਨੂੰ ਭੋਜਨ ਦੇ ਨੁਕਸਾਨ, ਰਹਿੰਦ-ਖੂੰਹਦ, ਉਤਪਾਦਨ, ਪ੍ਰੋਸੈਸਿੰਗ ਤੇ ਪੈਕਿੰਗ, ਭੋਜਨ ਅਤੇ ਪੋਸ਼ਣ ਸੁਰੱਖਿਆ ਸੰਬੰਧੀ ਮਹੱਤਵਪੂਰਨ ਵਿਹਾਰਕ ਜਾਣਕਾਰੀ ਮਿਲਦੀ ਹੈ।

ਫੂਡ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਅਜੈ ਸਿੰਘ ਨੇ ਵਿਦਿਆਰਥੀਆਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਅਤੇ ਖਾਦ ਨਵੀਨਤਾ ਰਾਹੀਂ ਭੁੱਖ-ਰਹਿਤ ਵਿਸ਼ਵ ਦੇ ਨਿਰਮਾਣ ਵੱਲ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਸਮਾਗਮ ਦੀ ਕੋਆਰਡੀਨੇਟਰ ਪ੍ਰੋ. ਅਮਨਦੀਪ ਕੌਰ ਨੇ ਵਿਦਿਆਰਥੀਆਂ ਨੂੰ ਸਰਗਰਮ ਭਾਗੀਦਾਰੀ ਲਈ ਉਤਸ਼ਾਹਿਤ ਕੀਤਾ ਅਤੇ ਸਾਰੇ ਮੁਕਾਬਲਿਆਂ ਦਾ ਸੁਚਾਰੂ ਰੂਪ ਨਾਲ ਪ੍ਰਬੰਧਨ ਕੀਤਾ।

ਵਿਸ਼ਵ ਯੂਨੀਵਰਸਿਟੀ ਵਿਖੇ ਹਰੀ ਦੀਵਾਲੀ ਮਨਾਉਣ ਦੇ ਵਿਸ਼ੇ ਸੰਬੰਧੀ ਵਿਸ਼ੇਸ਼ ਲੈਕਚਰ ਕਰਵਾਇਆ

ਫ਼ਤਹਿਗੜ੍ਹ ਸਾਹਿਬ, 19 ਅਕਤੂਬਰ (ਬਲਜਿੰਦਰ ਸਿੰਘ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਵਲੋਂ ਵਿਦਿਆਰਥੀਆਂ ਨੂੰ ਹਰੀ ਦੀਵਾਲੀ ਮਨਾਉਣ ਸੰਬੰਧੀ ਪ੍ਰੇਰਿਤ ਕਰਨ ਲਈ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਵਿਭਾਗ ਦੇ ਮੁਖੀ ਡਾ. ਅੰਕਦੀਪ ਕੌਰ ਅਟਵਾਲ ਨੇ ਕਿਹਾ ਕਿ ਇਸ ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਤੇ ਫੈਕਲਟੀ ਨੂੰ ਕੁਦਰਤ ਅਤੇ ਮਨੁੱਖੀ ਹਮਦਰਦੀ ਦੀ ਭਾਵਨਾ ਨਾਲ ਇਕਸੁਰਤਾ ਵਿਚ ਰੌਸ਼ਨੀਆਂ ਦੇ ਤਿਉਹਾਰ ਨੂੰ ਮਨਾਉਣ ਲਈ ਪ੍ਰੇਰਿਤ ਕਰਨਾ ਸੀ। ਵਿਭਾਗ ਦੇ ਸਹਾਇਕ ਪ੍ਰੋਫੈਸਰ ਜਸਪ੍ਰੀਤ ਕੌਰ ਨੇ ਮਹਿਮਾਨ ਬੁਲਾਰੇ ਡਾ. ਜਸਪ੍ਰੀਤ ਕੌਰ ਢਿੱਲੋਂ ਮੁਖੀ ਖੇਤੀਬਾੜੀ ਵਿਭਾਗ ਦਾ ਨਿੱਘਾ ਸਵਾਗਤ ਕੀਤਾ। ਆਪਣੇ ਸੰਬੋਧਨ ਵਿਚ ਡਾ. ਢਿੱਲੋਂ ਨੇ ਦੀਵਾਲੀ ਦੇ ਇਤਿਹਾਸਕ ਤੇ ਅਧਿਆਤਮਿਕ ਮਹੱਤਵ ਬਾਰੇ ਗੱਲ ਕਰਦਿਆਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਤਿਉਹਾਰ ਨਾ ਸਿਰਫ਼ ਹਨੇਰੇ 'ਤੇ ਰੌਸ਼ਨੀ ਦਾ ਜਸ਼ਨ ਹੈ, ਸਗੋਂ ਦਇਆ, ਨਿਆਂ ਅਤੇ ਧਾਰਮਿਕਤਾ ਦੇ ਵਿਸ਼ਵ-ਵਿਆਪੀ ਮੁੱਲਾਂ ਦੀ ਪੁਸ਼ਟੀ ਵੀ ਹੈ। ਉਨ੍ਹਾਂ ਭਾਗੀਦਾਰਾਂ ਨੂੰ ਆਧੁਨਿਕ ਜਸ਼ਨਾਂ ਦੇ ਵਾਤਾਵਰਨ ਪ੍ਰਭਾਵ ਬਾਰੇ ਸੰਵੇਦਨਸ਼ੀਲ ਬਣਾਇਆ ਅਤੇ ਵਾਤਾਵਰਨ ਪ੍ਰਤੀ ਜਾਗਰੂਕ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ। ਜਿਵੇਂ ਕਿ ਹਰੇ ਪਟਾਕਿਆਂ ਦੀ ਵਰਤੋਂ ਕਰਨਾ, ਹੱਥ ਨਾਲ ਬਣੇ ਅਤੇ ਬਾਇਓ ਡੀਗ੍ਰੇਡੇਬਲ ਸਜਾਵਟੀ ਵਸਤੂਆਂ ਦੀ ਚੋਣ ਕਰਨਾ, ਘਰ ਵਿਚ ਮਠਿਆਈਆਂ ਤਿਆਰ ਕਰਨਾ, ਵਾਤਾਵਰਨ ਦੀ ਸੰਭਾਲ ਪ੍ਰਤੀ ਰੁੱਖ ਲਗਾਉਣੇ ਆਦਿ 'ਤੇ ਚਰਚਾ ਕੀਤੀ। ਅੰਤ ਵਿਚ ਵਿਦਿਆਰਥੀਆਂ ਨੇ ਵੀ ਵਿਚਾਰ ਸਾਂਝੇ ਕੀਤੇ ਕਿ ਕਿਵੇਂ ਛੋਟੇ, ਸੁਚੇਤ ਵਿਕਲਪ ਵਾਤਾਵਰਨ ਸੰਭਾਲ ਵਿਚ ਮਹੱਤਵਪੂਰਨ ਫ਼ਰਕ ਲਿਆ ਸਕਦੇ ਹਨ। ਇਸ ਮੌਕੇ 'ਤੇ ਡਾ. ਬਲਜੀਤ ਕੌਰ ਸਹਾਇਕ ਪ੍ਰੋਫੈਸਰ ਨੇ ਰਸਮੀ ਧੰਨਵਾਦ ਕੀਤਾ।

ਵਿਸ਼ਵ ਯੂਨੀਵਰਸਿਟੀ ਵਿਚ ਹਰੀ ਦੀਵਾਲੀ ਵਿਸ਼ੇ ਸੰਬੰਧੀ ਡਾ. ਜਸਪ੍ਰੀਤ ਕੌਰ ਢਿੱਲੋਂ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ। ਅਜੀਤ ਤਸਵੀਰ

ਸਰਵਹਿੱਤਕਾਰੀ ਵਿੱਦਿਆ ਮੰਦਰ ਖਮਾਣੋਂ ਵਿਖੇ ਦੀਵਾਲੀ ਦੇ ਤਿਉਹਾਰ ਮੌਕੇ ਨੌਵੀਂ ਕਲਾਸ ਦੇ ਵਿਦਿਆਰਥੀ ਕਲਾਸ ਇੰਚਾਰਜ ਗੁਰਵੀਰ ਸਿੰਘ ਨਾਲ। ਤਸਵੀਰ: ਜੋਗਿੰਦਰ ਪਾਲ

ਸਰਵਹਿੱਤਕਾਰੀ ਵਿੱਦਿਆ ਮੰਦਰ ਸਕੂਲ ਖਮਾਣੋਂ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ

ਖਮਾਣੋਂ, 19 ਅਕਤੂਬਰ (ਜੋਗਿੰਦਰ ਪਾਲ)-ਸਰਵਹਿੱਤਕਾਰੀ ਵਿੱਦਿਆ ਮੰਦਿਰ ਸਕੂਲ ਖਮਾਣੋਂ ਵਿਖੇ ਦੀਵਾਲੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲੀ ਬੱਚਿਆਂ ਤੇ ਅਧਿਆਪਕਾਂ ਵਲੋਂ ਸਕੂਲ ਨੂੰ ਰੰਗ-ਬਿਰੰਗੇ ਫੁੱਲਾਂ ਅਤੇ ਰੰਗੋਲੀਆਂ ਨਾਲ ਸਜਾਇਆ ਗਿਆ। ਬੱਚਿਆਂ ਨੇ ਵੱਖ-ਵੱਖ ਕਲਾਸਾਂ ਵਿਚ ਦੀਵੇ ਸਜਾਉਣ, ਮੋਮਬੱਤੀ ਸਜਾਵਟ, ਕਾਰਡ ਬਣਾਉਣ ਅਤੇ ਰੰਗੋਲੀ ਮੁਕਾਬਲੇ ਵਿਚ ਭਾਗ ਲਿਆ। ਬੱਚਿਆਂ ਵਲੋਂ ਪ੍ਰਿੰਸੀਪਲ ਗੁਰਪ੍ਰੀਤ ਕੌਰ ਅਤੇ ਆਪੋ ਆਪਣੇ ਅਧਿਆਪਕਾਂ ਨੂੰ ਵਧਾਈ ਸੰਦੇਸ਼ ਵੀ ਦਿੱਤੇ ਗਏ। ਸਕੂਲ ਦੇ ਵੱਖ-ਵੱਖ ਕਲਾਸਾਂ ਦੇ ਕਮਰਿਆਂ ਨੂੰ ਸਜਾਉਣ 'ਚ ਵਿਦਿਆਰਥੀਆਂ ਵਿਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ ਅਤੇ ਰੰਗੋਲੀ ਮੁਕਾਬਲੇ ਵਿਚ ਬਣਾਈਆਂ ਗਈਆਂ ਵੱਖ-ਵੱਖ ਕਲਾਕ੍ਰਿਤੀਆਂ ਰਾਹੀਂ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੁਨੇਹਾ ਦਿੱਤਾ। ਪ੍ਰਿੰਸੀਪਲ ਗੁਰਪ੍ਰੀਤ ਕੌਰ ਨੇ ਸਕੂਲ ਦੇ ਸਮੂਹ ਅਧਿਆਪਕਾਂ, ਸੁਸਾਇਟੀ ਦੇ ਮੈਂਬਰਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਦੀਵਾਲੀ ਦੀ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਾਨੂੰ ਸਭ ਨੂੰ ਰਲ ਮਿਲ ਕੇ ਤਿਉਹਾਰ ਮਨਾਉਣੇ ਚਾਹੀਦੇ ਹਨ ਅਤੇ ਦੀਵਾਲੀ ਪ੍ਰਦੂਸ਼ਣ ਰਹਿਤ ਹੀ ਮਨਾਉਣੀ ਚਾਹੀਦੀ ਹੈ ਤਾਂ ਜੋ ਸਾਡਾ ਵਾਤਾਵਰਨ ਪ੍ਰਦੂਸ਼ਣ ਰਹਿਤ ਰਹੇ।

ਇਸ ਵਾਰ ਪ੍ਰਦੂਸ਼ਣ ਰਹਿਤ ਗਰੀਨ ਦੀਵਾਲੀ ਮਨਾਈ ਜਾਵੇ-ਸੁਰਜੀਤ ਸਿੰਘ ਕਾਲੇਵਾਲ

ਸੰਘੋਲ, 19 ਅਕਤੂਬਰ (ਗੁਰਨਾਮ ਸਿੰਘ ਚੀਨਾ)-ਪੰਜਾਬ ਵਿਰਾਸਤ ਐਸੋਸੀਏਸ਼ਨ ਦੇ ਪ੍ਰਧਾਨ ਅਤੇ ਸਮਾਜ ਸੇਵੀ ਸੁਰਜੀਤ ਸਿੰਘ ਕਾਲੇਵਾਲ ਜੋ ਕਿ ਆਸਟ੍ਰੇਲੀਆ ਵਿਖੇ ਕਾਫ਼ੀ ਸਾਲ ਰਹਿ ਕੇ ਆਏ ਹਨ ਅਤੇ ਹੁਣ ਪੰਜਾਬ ਵਿਚ ਸਮਾਜ ਸੇਵੀ ਕੰਮਾਂ ਵਿਚ ਵਿਅਸਤ ਹਨ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਇਸ ਵਾਰ ਪੰਜਾਬ ਨਿਵਾਸੀਆਂ ਨੂੰ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ ਤਾਂ ਜੋ ਅਸੀਂ ਸਹੀ ਅਰਥਾਂ ਵਿਚ ਦੀਵਾਲੀ ਮਨਾ ਸਕੀਏ, ਕਿਉਂਕਿ ਪੰਜਾਬ ਵਿਚ ਪ੍ਰਦੂਸ਼ਣ ਦਾ ਪੱਧਰ ਬਹੁਤ ਜ਼ਿਆਦਾ ਤੇ ਸਾਨੂੰ ਪੰਜਾਬ ਨੂੰ ਹਰਿਆਲੀ ਤੇ ਪ੍ਰਦੂਸ਼ਣ ਰਹਿਤ ਬਣਾਉਣ ਲਈ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਲਈ ਸਾਨੂੰ ਸਾਰਿਆਂ ਨੂੰ ਉਪਰਾਲਾ ਕਰਨਾ ਚਾਹੀਦਾ ਹੈ। ਉਨ੍ਹਾਂ ਪੰਜਾਬੀਆਂ ਨੂੰ ਗਰੀਨ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਡੀ ਮਨਾਈ ਦੀਵਾਲੀ ਹੋਰ ਵੀ ਸਾਰਥਿਕ ਹੋ ਜਾਵੇਗੀ ਜੇਕਰ ਅਸੀਂ ਦੀਵਾਲੀ ਮੌਕੇ ਆਪਣੇ ਹਿੱਸੇ ਦਾ ਇਕ ਬੂਟਾ ਜ਼ਰੂਰ ਲਗਾਈਏ ਤੇ ਪ੍ਰਦੂਸ਼ਣ ਰਹਿਤ ਪੰਜਾਬ ਸਿਰਜ ਸਕੀਏ।

ਸਮਾਜ ਸੇਵੀ ਅਤੇ ਪੰਜਾਬ ਵਿਰਾਸਤ ਐਸੋਸੀਏਸ਼ਨ ਦੇ ਪ੍ਰਧਾਨ ਸੁਰਜੀਤ ਸਿੰਘ ਕਾਲੇਵਾਲ।

ਕੌਂਸਲਰ ਗੁਰਿੰਦਰ ਸਿੰਘ ਸੋਨੀ ਖਮਾਣੋਂ ਦੇ ਮਨੈਲਾ ਰੋਡ 'ਤੇ ਪੁਲੀ ਦੇ ਨਜ਼ਦੀਕ ਪਏ ਗੰਦਗੀ ਦੇ ਢੇਰਾਂ ਨੂੰ ਚੁਕਵਾਉਂਦੇ ਹੋਏ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਥਾਂ 'ਤੇ ਗੰਦਗੀ ਨਾ ਸੁੱਟੀ ਜਾਵੇ ਕਿਉਂਕਿ ਰੋਜ਼ਾਨਾ ਸਕੂਲੀ ਵਿਦਿਆਰਥੀ ਤੇ ਹੋਰ ਲੋਕ ਇੱਥੋਂ ਗੁਜ਼ਰਦੇ ਹਨ। ਵਰਨਣਯੋਗ ਹੈ ਕਿ ਗੰਦਗੀ ਦੇ ਪਏ ਇਨ੍ਹਾਂ ਢੇਰਾਂ ਕਾਰਨ ਇੱਥੋਂ ਲੰਘਣ ਵਾ